1331/ਡੀ ਕਾਲਜ
31/10/22

DAA
DCDC
DCC

31/10/2022

ਦਫਤਰ : ਡਾਇਰੈਕਟਰ ਸਿੱਖਿਆ ਵਿਭਾਗ (ਕਾਲਜਾਂ) ਪੰਜਾਬ ਐਸ.ਏ.ਐਸ.ਨਗਰ
(ਕਾਲਜ ਐਜੂਕੇਸ਼ਨ ਸ਼ਾਖਾ )

ਸੇਵਾ ਵਿਖੇ

5921
31/10/22

1. ~~ਰਾਜ ਦੀਆਂ ਸਮੂਹ ਪ੍ਰਾਈਵੇਟ ਅਤੇ ਸਰਕਾਰੀ ਯੂਨੀਵਰਸਿਟੀਆਂ ਦੇ ਰਜਿਸਟਰਾਰ ਸਾਹਿਬਾਨ।~~
2. ਸਮੂਹ ਸਰਕਾਰੀ ਅਤੇ ਪ੍ਰਾਈਵੇਟ ਏਡਿਡ ਕਾਲਜ ਦੇ ਪ੍ਰਿੰਸੀਪਲ ਸਾਹਿਬਾਨ।

ਮੀਮੋ ਨੰ: ਕ. ਐਜੂ(1)/2022/14619
ਮਿਤੀ: 31/10/22

2616
1/11/22

ਵਿਸ਼ਾ - **ਮਹੀਨਾ ਨਵੰਬਰ 2022 ਨੂੰ ਪੰਜਾਬੀ ਮਹੀਨੇ ਵਜੋਂ ਮਨਾਉਣ ਸਬੰਧੀ।**

ਉਪਰੋਕਤ ਵਿਸ਼ੇ ਸਬੰਧੀ ਆਪ ਜੀ ਨੂੰ ਮਾਨਯੋਗ ਪ੍ਰਮੁੱਖ ਸਕੱਤਰ ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ( ਸਿੱਖਿਆ ਸੈੱਲ) ਵੱਲੋਂ ਜਾਰੀ ਹਦਾਇਤਾਂ ਦੀ ਕਾਪੀ ਭੇਜ ਕੇ ਲਿਖਿਆ ਜਾਂਦਾ ਹੈ ਕਿ ਇਨ੍ਹਾਂ ਹਦਾਇਤਾ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ ਅਤੇ ਇਸ ਦੀ ਪਾਲਣਾ ਰਿਪੋਰਟ ਇਸ ਦਫਤਰ ਦੀ ਈ-ਮੇਲ ਆਈ.ਡੀ collegeeducation19@gmail.com ਤੇ ਭੇਜਣੀ ਯਕੀਨੀ ਬਣਾਈ ਜਾਵੇ।

(ਨੱਥੀ: ਸਹਿ-ਪੱਤਰ)

ਸੁਪਰਡੰਟ ਕਾਲਜ ਐਜੂਕੇਸ਼ਨ ਸ਼ਾਖਾ

ਪੱਤਰ ਅੰਕ ਨੰ: 3945

ਮਿਤੀ: 3/11/22

ਉਪਰੋਕਤ ਵਿਸ਼ੇ ਸਬੰਧੀ ਸਬੰਧਤ ਸਮੂਹ ਕਾਲਜਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਪੱਤਰ ਵਿਚ ਦਰਜ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨ ਉਪਰੰਤ ਇਸ ਦੀ ਪਾਲਣਾ ਰਿਪੋਰਟ ਪੱਤਰ ਵਿੱਚ ਦਰਜ ਈ-ਮੇਲ ਆਈ.ਡੀ ਤੇ ਆਪਣੇ ਪੱਧਰ ਤੇ ਭੇਜਣੀ ਯਕੀਨੀ ਬਣਾਈ ਜਾਵੇਗੀ।

3/11/22
ਡੀਨ, ਕਾਲਜ ਵਿਕਾਸ ਕੌਂਸਲ

ਨੰ:6/14/18-2ਸਿੱ.ਸੈਲ/

ਪੰਜਾਬ ਸਰਕਾਰ

ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ

(ਸਿੱਖਿਆ ਸੈੱਲ)

ਸੇਵਾ ਵਿਖੇ

ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ,
ਸਮੂਹ ਡਵੀਜ਼ਨਾਂ ਦੇ ਕਮਿਸ਼ਨਰ, ਸਮੂਹ ਡਿਪਟੀ ਕਮਿਸ਼ਨਰ,
ਸਮੂਹ ਵਿਭਾਗਾਂ ਦੇ ਮੁੱਖੀ ਬੋਰਡਾਂ, ਕਾਰਪੋਰੇਸ਼ਨਾਂ ਦੇ ਚੇਅਰਮੈਨ,
ਸਮੂਹ ਯੂਨੀਵਰਸਿਟੀਆਂ ਦੇ ਵਾਈਸ ਚਾਂਸਲਰ/ਕਾਲਜਾਂ ਦੇ ਪ੍ਰਿੰਸੀ./ਸਕੂਲਾਂ ਦੇ ਪ੍ਰਿੰਸੀ.,
ਸਮੂਹ ਨਗਰ ਨਿਗਮ ਅਤੇ ਨਗਰ ਪਾਲਿਕਾ ਦੇ ਕਮਿਸ਼ਨਰ ਅਤੇ ਕਾਰਜ ਸਾਧਕ ਅਫ਼ਸਰ,
ਚੇਅਰਮੈਨ ਪੰਜਾਬ ਲੋਕ ਸੇਵਾ ਕਮਿਸ਼ਨ ਅਤੇ ਉਦਯੋਗਿਕ ਸਿਖਲਾਈ ਸੰਸਥਾਵਾਂ ਦੇ ਮੁੱਖੀ,
ਸਮੂਹ ਜ਼ਿਲ੍ਹਾ ਅਤੇ ਸੈਸ਼ਨ ਜੱਜ, ਉਪ ਮੰਡਲ ਅਫ਼ਸਰ (ਸਿਵਲ) ਅਤੇ
ਰਜਿਸਟਰਾਰ, ਪੰਜਾਬ ਤੇ ਹਰਿਆਣਾ ਹਾਈਕੋਰਟ।

ਮਿਤੀ,ਚੰਡੀਗੜ੍ਹ: 28/10/2022

ਵਿਸ਼ਾ:- **ਮਹੀਨਾ ਨਵੰਬਰ, 2022 ਨੂੰ ਪੰਜਾਬੀ ਮਹੀਨੇ ਵਜੋਂ ਮਨਾਉਣ ਸਬੰਧੀ।**

****

ਸ੍ਰੀਮਾਨ/ਸ੍ਰੀਮਤੀ ਜੀ,

ਕਿਰਪਾ ਕਰਕੇ ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2. ਪੰਜਾਬ ਰਾਜ ਭਾਸ਼ਾ ਐਕਟ 1967, ਪੰਜਾਬ ਰਾਜ ਭਾਸ਼ਾ (ਤਰਮੀਮ) ਐਕਟ 2008 ਅਤੇ ਪੰਜਾਬ ਰਾਜ ਭਾਸ਼ਾ (ਤਰਮੀਮ) ਐਕਟ-2021 ਦੇ ਉਪਬੰਧਾਂ ਅਨੁਸਾਰ ਪੰਜਾਬ ਸਰਕਾਰ ਦੇ ਸਾਰੇ ਦਫਤਰਾਂ, ਸਰਕਾਰੀ ਖੇਤਰ ਦੇ ਅਦਾਰਿਆਂ, ਬੋਰਡਾਂ ਅਤੇ ਲੋਕਲ ਬਾਡੀਜ਼ ਅਤੇ ਰਾਜ ਦੇ ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਦੇ ਦਫਤਰਾਂ ਵਿਚ ਸੰਮੁੱਚਾ ਦਫਤਰੀ ਕੰਮ-ਕਾਜ ਪੰਜਾਬ ਦੀ ਰਾਜ ਭਾਸ਼ਾ ਪੰਜਾਬੀ ਵਿਚ ਕੀਤਾ ਜਾਣਾ ਲਾਜ਼ਮੀ ਹੈ। ਪੰਜਾਬ ਸਰਕਾਰ ਵਲੋਂ ਦਫਤਰੀ ਕੰਮ-ਕਾਜ ਵਿਚ ਪੰਜਾਬੀ ਭਾਸ਼ਾ ਦੀ ਵਰਤੋਂ ਨੂੰ ਯਕੀਨੀ ਬਣਾਉਣ ਲਈ ਸਮੇਂ ਸਮੇਂ ਤੇ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਮਾਤ ਭਾਸ਼ਾ ਪੰਜਾਬੀ ਪ੍ਰਤੀ ਸਤਿਕਾਰ ਕਰਨਾ ਸਾਡਾ ਸਮੂਹ ਪੰਜਾਬੀਆਂ ਦਾ ਨੈਤਿਕ ਫਰਜ਼ ਹੈ। ਭਾਸ਼ਾ ਵਿਭਾਗ, ਪੰਜਾਬ ਸਰਕਾਰ ਦੇ

ਸਮੂਹ ਅਦਾਰਿਆਂ ਅੰਦਰ ਮਾਤ-ਭਾਸ਼ਾ ਪੰਜਾਬੀ ਵਿਚ ਕੰਮ ਕਰਵਾਉਣ ਦੇ ਨਾਲ-ਨਾਲ ਪੰਜਾਬੀ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਵਚਨਬੱਧ ਹੈ।

3. ਪੰਜਾਬ ਸਰਕਾਰ ਵਲੋਂ ਇਹ ਫੈਸਲਾ ਲਿਆ ਗਿਆ ਹੈ ਕਿ ਮਿਤੀ 01.11.2022 ਤੋਂ ਮਿਤੀ 30.11.2022 ਤੱਕ ਪੰਜਾਬ ਰਾਜ ਦੇ ਸਮੂਹ ਦਫਤਰਾਂ ਅਤੇ ਵਿਦਿਅਕ ਅਦਾਰਿਆਂ ਵਿਚ ਪੰਜਾਬੀ ਮਹੀਨਾ ਮਨਾਇਆ ਜਾਵੇ। ਮਾਂ-ਬੋਲੀ ਪੰਜਾਬੀ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਆਪਣੇ ਪੱਧਰ ਤੇ ਸਾਹਿਤਕ ਸਮਾਗਮ ਆਯੋਜਿਤ ਕੀਤੇ ਜਾਣ। ਰਾਜ ਦੇ ਸਕੂਲਾਂ, ਕਾਲਜਾਂ ਵਿਚ ਵਿਦਿਆਰਥੀਆਂ ਦੀ ਸਮੂਲੀਅਤ ਯਕੀਨੀ ਬਣਾ ਕੇ ਸਾਹਿਤਕ ਸਮਾਗਮ ਕਰਵਾਏ ਜਾਣ ।

ਪ੍ਰਮੁੱਖ ਸਕੱਤਰ ਪੰਜਾਬ ਸਰਕਾਰ
ਉਚੇਰੀ ਸਿਖਿਆ ਤੇ ਭਾਸ਼ਾ ਵਿਭਾਗ

ਉਪਰੋਕਤ ਦਾ ਇਕ ਉਤਾਰਾ ਸਮੂਹ ਵਿਸ਼ੇਸ਼ ਮੁੱਖ ਸਕੱਤਰ, ਵਧੀਕ ਮੁੱਖ ਸਕੱਤਰ, ਵਿੱਤੀ ਕਮਿਸ਼ਨਰ, ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ ਨੂੰ ਭੇਜਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਆਪਣੇ ਪ੍ਰਬੰਧਕੀ ਕੰਟਰੋਲ ਅਧੀਨ ਆਉਂਦੇ ਵਿਭਾਗਾਂ, ਬੋਰਡਾਂ ਅਤੇ ਕਾਰਪੋਰੇਸ਼ਨਾਂ ਦੇ ਸਮੂਹ ਅਧਿਕਾਰੀਆਂ/ਕਰਮਚਾਰੀਆਂ ਵਲੋਂ ਉਕਤ ਹਦਾਇਤਾਂ ਦੀ ਇੰਨ-ਬਿਨ ਪਾਲਣਾ ਕਰਨ ਹਿੱਤ ਯੋਗ ਕਦਮ ਚੁੱਕਣ ਦੀ ਕ੍ਰਿਪਾਲਤਾ ਕਰਨ।

ਪ੍ਰਮੁੱਖ ਸਕੱਤਰ ਪੰਜਾਬ ਸਰਕਾਰ
ਉਚੇਰੀ ਸਿਖਿਆ ਤੇ ਭਾਸ਼ਾ ਵਿਭਾਗ

ਸੇਵਾ ਵਿਖੇ,

ਪੰਜਾਬ ਰਾਜ ਦੇ ਸਮੂਹ ਵਿਸ਼ੇਸ਼ ਮੁੱਖ ਸਕੱਤਰ, ਵਧੀਕ ਮੁੱਖ ਸਕੱਤਰ, ਵਿੱਤੀ ਕਮਿਸ਼ਨਰ,
ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ।

ਅੰ:ਵਿ:ਪੱ: ਨੰ: 6/14/18-2ਸਿੱ.ਸੈਲ/ ਮਿਤੀ,ਚੰਡੀਗੜ੍ਹ: